Tape/CD: 1333

# ਪੰਨਾ ੧੧੦੨

ਸਲੋਕ ਡਖਣੇ ਮਃ ੫ ॥ ਨਾਨਕ ਕਚੜਿਆ ਸਿਉ ਤੋੜਿ ਢੂਢਿ ਸਜਣ ਸੰਤ ਪਕਿਆ ॥ ਓਇ ਜੀਵੰਦੇ ਵਿਛੁੜਹਿ ਓਇ ਮੁਇਆ ਨ ਜਾਹੀ ਛੋੜਿ ॥ ੧ ॥

Tape/CD: 1333

# ਪੰਨਾ ੪੪੯

ਆਸਾ ਮਹਲਾ ੪ ॥ ਗੁਰਮੁਖਿ ਢੂੰਢਿ ਢੂਢੇਦਿਆ ਹਰਿ ਸਜਣੁ ਲਧਾ ਰਾਮ ਰਾਜੇ ॥ ਕੰਚਨ ਕਾਇਆ ਕੋਟ ਗੜ ਵਿਚਿ ਹਰਿ ਹਰਿ ਸਿਧਾ ॥ ਹਰਿ ਹਰਿ ਹੀਰਾ ਰਤਨੁ ਹੈ ਮੇਰਾ ਮਨੁ ਤਨੁ ਵਿਧਾ ॥ ਧੁਰਿ ਭਾਗ ਵਡੇ ਹਰਿ ਪਾਇਆ ਨਾਨਕ ਰਸਿ ਗੁਧਾ ॥ ੧ ॥

Tape/CD: 1333

ਪੰਨਾ ੭੨੯

ਸੂਹੀ ਮਹਲਾ ੧ ਘਰੁ ੬

ਉਜਲੁ ਕੈਹਾ ਚਿਲਕਣਾ ਘੋਟਿਮ ਕਾਲੜੀ ਮਸੁ ॥ ਧੋਤਿਆ ਜੂਠਿ ਨ ਉਤਰੈ ਜੇ ਸਉ ਧੋਵਾ ਤਿਸੁ ॥ ੧ ॥ ਸਜਣ ਸੇਈ ਨਾਲਿ ਮੈ ਚਲਦਿਆ ਨਾਲਿ ਚਲੰਨ੍ਹਿ ॥ ਜਿਥੈ ਲੇਖਾ ਮੰਗੀਐ ਤਿਥੈ ਖੜੇ ਦਿਸੰਨਿ ॥ ੧ ॥ ਰਹਾਉ ॥ ਕੋਠੇ ਮੰਡਪ ਮਾੜੀਆ ਪਾਸਹੁ ਚਿਤਵੀਆਹਾ ॥ ਢਠੀਆ ਕੰਮਿ ਨ ਆਵਨ੍ਹੀ ਵਿਚਹੁ ਸਖਣੀਆਹਾ ॥ ੨ ॥ ਬਗਾ ਬਗੇ ਕਪੜੇ ਤੀਰਥ ਮੰਝਿ ਵਸੰਨ੍ਹਿ ॥ ਘੁਟਿ ਘੁਟਿ ਜੀਆ ਖਾਵਣੇ ਬਗੇ ਨਾ ਕਹੀਅਨ੍ਹਿ ॥ ੩ ॥ ਸਿੰਮਲ ਰੁਖੁ ਸਰੀਰੁ ਮੈ ਮੈਜਨ ਦੇਖਿ ਭੁਲੰਨ੍ਹਿ ॥ ਸੇ ਫਲ ਕੰਮਿ ਨ ਆਵਨ੍ਹੀ ਤੇ ਗੁਣ ਮੈ ਤਨਿ ਹੰਨ੍ਹਿ ॥ ੪ ॥ ਅੰਧੁਲੈ ਭਾਰੁ ਉਠਾਇਆ ਡੂਗਰ ਵਾਟ ਬਹੁਤੁ ॥ ਅਖੀ ਲੋੜੀ ਨਾ ਲਹਾ ਹਉ ਚੜਿ ਲੰਘਾ ਕਿਤੁ ॥ ੫ ॥ ਚਾਕਰੀਆ ਚੰਗਿਆਈਆ ਅਵਰ ਸਿਆਣਪ ਕਿਤੁ ॥ ਨਾਨਕ ਨਾਮੁ ਸਮਾਲਿ ਤੂੰ ਬਧਾ ਛੁਟਹਿ ਜਿਤੁ ॥ ੬ ॥ ੧ ॥ ੩ ॥

ਪੰਨਾ ੪੧

ਸਿਰੀਰਾਗੁ ਮਹਲਾ ੪ ॥ ਰਸੁ ਅੰਮ੍ਰਿਤੁ ਨਾਮੁ ਰਸੁ ਅਤਿ ਭਲਾ ਕਿਤੁ ਬਿਧਿ ਮਿਲੈ ਰਸੁ ਖਾਇ ॥ ਜਾਇ ਪੁਛਹੁ ਸੋਹਾਗਣੀ ਤੁਸਾ ਕਿਉ ਕਰਿ ਮਿਲਿਆ ਪ੍ਰਭੁ ਆਇ ॥ ਓਇ ਵੇਪਰਵਾਹ ਨ ਬੋਲਨੀ ਹਉ ਮਲਿ ਮਲਿ ਧੋਵਾ ਤਿਨ ਪਾਇ ॥ ੧ ॥ ਭਾਈ ਰੇ ਮਿਲਿ ਸਜਣ ਹਰਿ ਗੁਣ ਸਾਰਿ ॥ ਸਜਣੁ ਸਤਿਗੁਰੁ ਪੁਰਖੁ ਹੈ ਦੁਖੁ ਕਢੈ ਹਉਮੈ ਮਾਰਿ ॥ ੧ ॥ ਰਹਾਉ ॥ ਗੁਰਮੁਖੀਆ ਸੋਹਾਗਣੀ ਤਿਨ ਦਇਆ ਪਈ ਮਨਿ ਆਇ ॥ ਸਤਿਗੁਰ ਵਚਨੁ ਰਤੰਨੁ ਹੈ ਜੋ ਮੰਨੇ ਸੁ ਹਰਿ ਰਸੁ ਖਾਇ ॥ ਸੇ ਵਡਭਾਗੀ ਵਡ ਜਾਣੀਅਹਿ ਜਿਨ ਹਰਿ ਰਸੁ ਖਾਧਾ ਗੁਰ ਭਾਇ ॥ ੨ ॥ ਇਹੁ ਹਰਿ ਰਸੁ ਵਣਿ ਤਿਣਿ ਸਭਤੁ ਹੈ ਭਾਗਹੀਣ ਨਹੀ ਖਾਇ ॥ ਬਿਨੁ ਸਤਿਗੁਰ ਪਲੈ ਨਾ ਪਵੈ ਮਨਮੁਖ ਰਹੇ ਬਿਲਲਾਇ ॥ ਓਇ ਸਤਿਗੁਰ ਆਗੈ ਨਾ ਨਿਵਹਿ ਓਨਾ ਅੰਤਰਿ ਕ੍ਰੋਧੁ ਬਲਾਇ ॥ ੩ ॥ ਹਰਿ ਹਰਿ ਹਰਿ ਰਸੁ ਆਪਿ ਹੈ ਆਪੇ ਹਰਿ ਰਸੁ ਹੋਇ ॥ ਆਪਿ ਦਇਆ ਕਰਿ ਦੇਵਸੀ ਗੁਰਮੁਖਿ ਅੰਮ੍ਰਿਤੁ ਚੋਇ ॥ ਸਭੁ ਤਨੁ ਮਨੁ ਹਰਿਆ ਹੋਇਆ ਨਾਨਕ ਹਰਿ ਵਸਿਆ ਮਨਿ ਸੋਇ ॥ ੪ ॥ ੫ ॥ ੬੯ ॥